**ਸੂਹੀ ਮਹਲਾ ੩ ॥ ਹਰਿ ਹਰੇ ਹਰਿ ਗੁਣ ਗਾਵਹੁ ਹਰਿ ਗੁਰਮੁਖੇ ਪਾਏ ਰਾਮ ॥ ਅਨਦਿਨੋ ਸਬਦਿ ਰਵਹੁ ਅਨਹਦ ਸਬਦ ਵਜਾਏ ਰਾਮ ॥ ਅਨਹਦ ਸਬਦ ਵਜਾਏ ਹਰਿ ਜੀਉ ਘਰਿ ਆਏ ਹਰਿ ਗੁਣ ਗਾਵਹੁ ਨਾਰੀ ॥ ਅਨਦਿਨੁ ਭਗਤਿ ਕਰਹਿ ਗੁਰ ਆਗੈ ਸਾ ਧਨ ਕੰਤ ਪਿਆਰੀ ॥ ਗੁਰ ਕਾ ਸਬਦੁ ਵਸਿਆ ਘਟ ਅੰਤਰਿ ਸੇ ਜਨ ਸਬਦਿ ਸੁਹਾਏ ॥ ਨਾਨਕ ਤਿਨ ਘਰਿ ਸਦ ਹੀ ਸੋਹਿਲਾ ਹਰਿ ਕਰਿ ਕਿਰਪਾ ਘਰਿ ਆਏ ॥੧॥** {ਪੰਨਾ 770}

ਪਦਅਰਥ:- ਹਰਿ ਹਰੇ ਹਰਿ ਗੁਣ—ਸਦਾ ਹੀ ਹਰੀ ਦੇ ਗੁਣ। ਗੁਰਮੁਖੇ—ਗੁਰੂ ਦੀ ਸਰਨ ਪਿਆਂ। ਅਨਦਿਨੋ—ਅਨਦਿਨੁ, ਹਰ ਰੋਜ਼। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਰਵਹੁ—ਸਿਮਰੋ। ਵਜਾਏ—ਵਜਾਇ, ਵਜਾ ਕੇ। ਅਨਹਦ—ਇਕ-ਰਸ, ਲਗਾਤਾਰ। ਅਨਹਦ ਸਬਦ ਵਜਾਏ—ਇਕ-ਰਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ (ਦੇ ਵਾਜੇ) ਵਜਾ ਕੇ। ਵਜਾਏ—ਵਜਾਂਦਾ ਹੈ। ਘਰਿ—ਹਿਰਦੇ-ਘਰ ਵਿਚ। ਨਾਰੀ—ਹੇ ਨਾਰੀਓ! ਹੇ ਗਿਆਨ-ਇੰਦ੍ਰਿਓ! ਗੁਰ ਆਗੈ—ਗੁਰੂ ਦੇ ਸਨਮੁਖ ਹੋ ਕੇ। ਸਾਧਨ—ਉਹ ਜੀਵ-ਇਸਤ੍ਰੀਆਂ। ਸੁਹਾਏ—ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ। ਸੋਹਿਲਾ—ਖ਼ੁਸ਼ੀ ਦਾ ਗੀਤ। ਕਰਿ—ਕਰ ਕੇ। ਆਏ—ਆਉਂਦਾ ਹੈ।1।

ਅਰਥ:- ਹੇ ਭਾਈ! ਸਦਾ ਪਰਮਾਤਮਾ ਦੇ ਗੁਣ ਗਾਇਆ ਕਰੋ। (ਜੇਹੜਾ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ ਉਹ) ਗੁਰੂ ਦੀ ਸਰਨ ਪੈ ਕੇ ਪਰਮਾਤਮਾ ਨੂੰ ਮਿਲ ਪੈਂਦਾ ਹੈ। ਹੇ ਭਾਈ! ਇਕ-ਰਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ (ਦੇ ਵਾਜੇ) ਵਜਾ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਿਆ ਕਰੋ। ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੇ ਵਾਜੇ ਇਕ-ਰਸ ਵਜਾਂਦਾ ਰਹਿੰਦਾ ਹੈ, ਪਰਮਾਤਮਾ ਉਸ ਦੇ ਹਿਰਦੇ-ਘਰ ਵਿਚ ਪਰਗਟ ਹੋ ਜਾਂਦਾ ਹੈ। ਹੇ (ਮੇਰੇ) ਗਿਆਨ-ਇੰਦ੍ਰਿਓ! ਤੁਸੀ ਭੀ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਇਆ ਕਰੋ। ਜੇਹੜੀਆਂ ਜੀਵ-ਇਸਤ੍ਰੀਆਂ ਗੁਰੂ ਦੇ ਸਨਮੁਖ ਹੋ ਕੇ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦੀਆਂ ਹਨ, ਉਹ ਪ੍ਰਭੂ-ਪਤੀ ਨੂੰ ਪਿਆਰੀਆਂ ਲੱਗਦੀਆਂ ਹਨ।

ਹੇ ਨਾਨਕ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸ ਪੈਂਦਾ ਹੈ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਦਾ ਜੀਵਨ ਸੋਹਣਾ ਬਣ ਜਾਂਦਾ ਹੈ, ਉਹਨਾਂ ਦੇ ਹਿਰਦੇ-ਘਰ ਵਿਚ ਸਦਾ ਹੀ (ਮਾਨੋ) ਖ਼ੁਸ਼ੀ ਦਾ ਗੀਤ ਹੁੰਦਾ ਰਹਿੰਦਾ ਹੈ, ਪ੍ਰਭੂ ਕਿਰਪਾ ਕਰ ਕੇ ਉਹਨਾਂ ਦੇ ਹਿਰਦੇ-ਘਰ ਵਿਚ ਆ ਵੱਸਦਾ ਹੈ।1।

**ਭਗਤਾ ਮਨਿ ਆਨੰਦੁ ਭਇਆ ਹਰਿ ਨਾਮਿ ਰਹੇ ਲਿਵ ਲਾਏ ਰਾਮ ॥ ਗੁਰਮੁਖੇ ਮਨੁ ਨਿਰਮਲੁ ਹੋਆ ਨਿਰਮਲ ਹਰਿ ਗੁਣ ਗਾਏ ਰਾਮ ॥ ਨਿਰਮਲ ਗੁਣ ਗਾਏ ਨਾਮੁ ਮੰਨਿ ਵਸਾਏ ਹਰਿ ਕੀ ਅੰਮ੍ਰਿਤ ਬਾਣੀ ॥ ਜਿਨ੍ ਮਨਿ ਵਸਿਆ ਸੇ ਈ ਜਨ ਨਿਸਤਰੇ ਘਟਿ ਘਟਿ ਸਬਦਿ ਸਮਾਣੀ ॥ ਤੇਰੇ ਗੁਣ ਗਾਵਹਿ ਸਹਜਿ ਸਮਾਵਹਿ ਸਬਦੇ ਮੇਲਿ ਮਿਲਾਏ ॥ ਨਾਨਕ ਸਫਲ ਜਨਮੁ ਤਿਨ ਕੇਰਾ ਜਿ ਸਤਿਗੁਰਿ ਹਰਿ ਮਾਰਗਿ ਪਾਏ ॥੨॥** {ਪੰਨਾ 770}

ਪਦਅਰਥ:- ਮਨਿ—ਮਨ ਵਿਚ। ਨਾਮਿ—ਨਾਮ ਵਿਚ। ਰਹੇ ਲਿਵ ਲਾਏ—ਰਹੇ ਲਿਵ ਲਾਇ, ਲਿਵ ਲਾਈ ਰੱਖਦੇ ਹਨ। ਗੁਰਮੁਖੇ—ਗੁਰੂ ਦੇ ਸਨਮੁਖ ਰਹਿ ਕੇ। ਗਾਏ—ਗਾਇ, ਗਾ ਕੇ। ਮੰਨਿ—ਮਨਿ, ਮਨ ਵਿਚ। ਵਸਾਏ—ਵਸਾ ਕੇ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ। ਸੇਈ ਜਨ—ਉਹੀ ਮਨੁੱਖ। ਨਿਸਤਰੇ—ਪਾਰ ਲੰਘ ਜਾਂਦੇ ਹਨ। ਘਟਿ ਘਟਿ—ਹਰੇਕ ਸਰੀਰ ਵਿਚ। ਸਬਦਿ—ਸ਼ਬਦ ਦੀ ਰਾਹੀਂ। ਗਾਵਹਿ—ਗਾਂਦੇ ਹਨ। ਸਹਜਿ—ਆਤਮਕ ਅਡੋਲਤਾ ਵਿਚ। ਸਮਾਵਹਿ—ਲੀਨ ਰਹਿੰਦੇ ਹਨ। ਸਬਦਿ—ਸ਼ਬਦ ਦੀ ਬਰਕਤਿ ਨਾਲ। ਕੇਰਾ—ਦਾ। ਜਿ—ਜੇਹੜੇ ਮਨੁੱਖਾਂ ਨੂੰ। ਸਤਿਗੁਰਿ—ਗੁਰੂ ਨੇ। ਮਾਰਗਿ—ਰਸਤੇ ਉੱਤੇ।2।

ਅਰਥ:- ਹੇ ਭਾਈ! ਪ੍ਰਭੂ ਦੇ ਭਗਤਾਂ ਦੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ, ਕਿਉਂਕਿ ਉਹ ਪਰਮਾਤਮਾ ਦੇ ਨਾਮ

ਵਿਚ ਸਦਾ ਸੁਰਤਿ ਜੋੜੀ ਰੱਖਦੇ ਹਨ। ਗੁਰੂ ਦੀ ਰਾਹੀਂ ਪਰਮਾਤਮਾ ਦੇ ਪਵਿਤ੍ਰ ਗੁਣ ਗਾ ਗਾ ਕੇ ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ। ਪਰਮਾਤਮਾ ਦੀ ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ, ਪ੍ਰਭੂ ਦੇ ਪਵਿਤ੍ਰ ਗੁਣ ਗਾ ਗਾ ਕੇ, ਪ੍ਰਭੂ ਦਾ ਨਾਮ ਆਪਣੇ ਮਨ ਵਿਚ ਵਸਾ ਕੇ (ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ)। ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ, ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ। ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਨੂੰ ਪਰਮਾਤਮਾ ਹਰੇਕ ਸਰੀਰ ਵਿਚ ਵੱਸਦਾ ਦਿੱਸਦਾ ਹੈ।

ਹੇ ਪ੍ਰਭੂ! ਜੇਹੜੇ ਮਨੁੱਖ ਤੇਰੇ ਗੁਣ ਗਾਂਦੇ ਹਨ, ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ। ਗੁਰੂ ਆਪਣੇ ਸ਼ਬਦ ਦੀ ਰਾਹੀਂ ਉਹਨਾਂ ਨੂੰ (ਹੇ ਪ੍ਰਭੂ!) ਤੇਰੇ ਚਰਨਾਂ ਵਿਚ ਜੋੜ ਦੇਂਦਾ ਹੈ। ਹੇ ਨਾਨਕ! ਉਹਨਾਂ ਮਨੁੱਖਾਂ ਦਾ ਜਨਮ ਕਾਮਯਾਬ ਹੋ ਜਾਂਦਾ ਹੈ, ਜਿਨ੍ਹਾਂ ਨੂੰ ਗੁਰੂ ਪਰਮਾਤਮਾ ਦੇ ਰਸਤੇ ਉਤੇ ਤੋਰ ਦਿੰਦਾ ਹੈ।2।

**ਸੰਤਸੰਗਤਿ ਸਿਉ ਮੇਲੁ ਭਇਆ ਹਰਿ ਹਰਿ ਨਾਮਿ ਸਮਾਏ ਰਾਮ ॥ ਗੁਰ ਕੈ ਸਬਦਿ ਸਦ ਜੀਵਨ ਮੁਕਤ ਭਏ ਹਰਿ ਕੈ ਨਾਮਿ ਲਿਵ ਲਾਏ ਰਾਮ ॥ ਹਰਿ ਨਾਮਿ ਚਿਤੁ ਲਾਏ ਗੁਰਿ ਮੇਲਿ ਮਿਲਾਏ ਮਨੂਆ ਰਤਾ ਹਰਿ ਨਾਲੇ ॥ ਸੁਖਦਾਤਾ ਪਾਇਆ ਮੋਹੁ ਚੁਕਾਇਆ ਅਨਦਿਨੁ ਨਾਮੁ ਸ ਮ੍ਹਾਲੇ ॥ ਗੁਰ ਸਬਦੇ ਰਾਤਾ ਸਹਜੇ ਮਾਤਾ ਨਾਮੁ ਮਨਿ ਵਸਾਏ ॥ ਨਾਨਕ ਤਿਨ ਘਰਿ ਸਦ ਹੀ ਸੋਹਿਲਾ ਜਿ ਸਤਿਗੁਰ ਸੇਵਿ ਸਮਾਏ ॥੩॥** {ਪੰਨਾ 771}

ਪਦਅਰਥ:- ਸਿਉ—ਨਾਲ। ਮੇਲੁ—ਮਿਲਾਪ। ਨਾਮਿ—ਨਾਮ ਵਿਚ। ਕੈ ਸਬਦਿ—ਦੇ ਸ਼ਬਦ ਦੀ ਬਰਕਤਿ ਨਾਲ। ਜੀਵਨ ਮੁਕਤੇ—ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਹੀ ਨਿਰਲੇਪ। ਕੈ ਨਾਮਿ—ਦੇ ਨਾਮ ਵਿਚ। ਲਿਵ—ਲਗਨ। ਲਾਏ—ਲਾਇ, ਲਾ ਕੇ। ਗੁਰਿ—ਗੁਰੂ ਨੇ। ਮੇਲਿ—ਪ੍ਰਭੂ ਚਰਨਾਂ ਵਿਚ। ਚੁਕਾਇਆ—ਦੂਰ ਕਰ ਦਿੱਤਾ। ਅਨਦਿਨੁ—ਹਰ ਰੋਜ਼ {Anuidnwz}, ਹਰ ਵੇਲੇ। ਸਮ੍ਹਾਲੇ—ਸਮ੍ਹਾਲਿ, ਹਿਰਦੇ ਵਿਚ ਵਸਾ ਕੇ। ਸਹਜੇ—ਸਹਜਿ, ਆਤਮਕ ਅਡੋਲਤਾ ਵਿਚ। ਮਾਤਾ—ਮਸਤ। ਮਨਿ—ਮਨ ਵਿਚ। ਘਰਿ—ਹਿਰਦੇ-ਘਰ ਵਿਚ। ਸਦ—ਸਦਾ। ਸੋਹਿਲਾ—ਖ਼ੁਸ਼ੀ, ਆਨੰਦ। ਜਿ—ਜੇਹੜੇ ਮਨੁੱਖ।3।

ਅਰਥ:- ਹੇ ਭਾਈ! ਜਿਨ੍ਹਾਂ ਮਨੁੱਖਾਂ ਦਾ ਸਾਧ ਸੰਗਤਿ ਨਾਲ ਮਿਲਾਪ ਹੋ ਜਾਂਦਾ ਹੈ, ਉਹ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੇ ਹਨ। ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜ ਕੇ ਉਹ ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਹੀ ਮਾਇਆ ਵਲੋਂ ਨਿਰਲੇਪ ਰਹਿੰਦੇ ਹਨ। ਜਿਨ੍ਹਾਂ ਨੂੰ ਗੁਰੂ ਨੇ ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ, ਉਹਨਾਂ ਮਨੁੱਖਾਂ ਨੇ ਪਰਮਾਤਮਾ ਦੇ ਨਾਮ ਵਿਚ ਮਨ ਜੋੜ ਲਿਆ, ਉਹਨਾਂ ਦਾ ਮਨ ਪਰਮਾਤਮਾ ਦੇ (ਪ੍ਰੇਮ-ਰੰਗ) ਨਾਲ ਰੰਗਿਆ ਗਿਆ। ਉਹਨਾਂ ਨੇ ਹਰ ਵੇਲੇ ਪ੍ਰਭੂ ਦਾ ਨਾਮ ਹਿਰਦੇ ਵਿਚ ਵਸਾ ਕੇ (ਆਪਣੇ ਅੰਦਰੋਂ ਮਾਇਆ ਦਾ) ਮੋਹ ਦੂਰ ਕਰ ਲਿਆ, ਤੇ, ਸਾਰੇ ਸੁਖ ਦੇਣ ਵਾਲੇ ਪਰਮਾਤਮਾ ਨਾਲ ਮਿਲਾਪ ਹਾਸਲ ਕਰ ਲਿਆ। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਰੰਗਿਆ ਜਾਂਦਾ ਹੈ, ਉਹ ਆਤਮਕ ਅਡੋਲਤਾ ਵਿਚ ਮਸਤ ਰਹਿੰਦਾ ਹੈ, ਉਹ ਹਰਿ-ਨਾਮ ਨੂੰ ਮਨ ਵਿਚ ਵਸਾਈ ਰੱਖਦਾ ਹੈ। ਹੇ ਨਾਨਕ! ਜੇਹੜੇ ਮਨੁੱਖ ਗੁਰੂ ਦੀ ਦੱਸੀ ਸੇਵਾ ਕਰ ਕੇ ਪ੍ਰਭੂ ਵਿਚ ਲੀਨ ਰਹਿੰਦੇ ਹਨ, ਉਹਨਾਂ ਦੇ ਹਿਰਦੇ ਵਿਚ ਸਦਾ ਹੀ ਖ਼ੁਸ਼ੀ ਬਣੀ ਰਹਿੰਦੀ ਹੈ।3।

**ਬਿਨੁ ਸਤਿਗੁਰ ਜਗੁ ਭਰਮਿ ਭੁਲਾਇਆ ਹਰਿ ਕਾ ਮਹਲੁ ਨ ਪਾਇਆ ਰਾਮ ॥ ਗੁਰਮੁਖੇ ਇਕਿ ਮੇਲਿ ਮਿਲਾਇਆ ਤਿਨ ਕੇ ਦੂਖ ਗਵਾਇਆ ਰਾਮ ॥ ਤਿਨ ਕੇ ਦੂਖ ਗਵਾਇਆ ਜਾ ਹਰਿ ਮਨਿ ਭਾਇਆ ਸਦਾ ਗਾਵਹਿ ਰੰਗਿ ਰਾਤੇ ॥ ਹਰਿ ਕੇ ਭਗਤ ਸਦਾ ਜਨ ਨਿਰਮਲ ਜੁਗਿ ਜੁਗਿ ਸਦ ਹੀ ਜਾਤੇ ॥ ਸਾਚੀ ਭਗਤਿ ਕਰਹਿ ਦਰਿ ਜਾਪਹਿ ਘਰਿ ਦਰਿ ਸਚਾ ਸੋਈ ॥ ਨਾਨਕ ਸਚਾ ਸੋਹਿਲਾ ਸਚੀ ਸਚੁ ਬਾਣੀ ਸਬਦੇ ਹੀ ਸੁਖੁ ਹੋਈ ॥੪॥੪॥੫॥** {ਪੰਨਾ 771}

ਪਦਅਰਥ:- ਭਰਮਿ—ਭਟਕਣਾ ਵਿਚ (ਪੈ ਕੇ)। ਭੁਲਾਇਆ—ਕੁਰਾਹੇ ਪਿਆ ਰਹਿੰਦਾ ਹੈ। ਮਹਲੁ—ਹਜ਼ੂਰੀ। ਗੁਰਮੁਖੇ—ਗੁਰੂ ਦੇ ਸਨਮੁਖ ਰਹਿਣ ਵਾਲੇ। ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ। ਮੇਲਿ—ਪ੍ਰਭੂ-ਚਰਨਾਂ ਵਿਚ। ਮਨਿ—ਮਨ ਵਿਚ। ਰੰਗਿ—ਰੰਗ ਵਿਚ। ਰਾਤੇ—ਰੰਗੇ ਹੋਏ। ਜੁਗਿ ਜੁਗਿ—ਹਰੇਕ ਜੁਗ ਵਿਚ। ਜਾਤੇ—ਪਰਗਟ ਹੋ ਜਾਂਦੇ ਹਨ। ਸਾਚੀ ਭਗਤਿ—ਸਦਾ-ਥਿਰ ਪ੍ਰਭੂ ਦੀ ਭਗਤੀ। ਦਰਿ—ਪ੍ਰਭੂ ਦੇ ਦਰ ਤੇ। ਜਾਪਹਿ—ਆਦਰ ਪਾਂਦੇ ਹਨ। ਘਰਿ—ਹਿਰਦੇ-ਘਰ ਵਿਚ। ਦਰਿ—ਅੰਦਰ। ਸੋਹਿਲਾ—ਖ਼ੁਸ਼ੀ।4।

ਅਰਥ:- ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਜਗਤ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, ਪਰਮਾਤਮਾ ਦੀ ਹਜ਼ੂਰੀ ਪ੍ਰਾਪਤ ਨਹੀਂ ਕਰ ਸਕਦਾ। ਪਰ ਕਈ (ਵਡ-ਭਾਗੀ ਐਸੇ ਹਨ, ਜੇਹੜੇ) ਗੁਰੂ ਦੇ ਸਨਮੁਖ (ਰਹਿੰਦੇ ਹਨ, ਉਹਨਾਂ ਨੂੰ ਗੁਰੂ ਨੇ) ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ ਹੈ, ਉਹਨਾਂ ਦੇ ਸਾਰੇ ਦੁੱਖ ਦੂਰ ਕਰ ਦਿੱਤੇ ਹਨ। ਜਦੋਂ ਉਹ ਪ੍ਰਭੂ ਦੇ ਮਨ ਵਿਚ ਪਿਆਰੇ ਲੱਗਦੇ ਹਨ, ਉਹਨਾਂ ਦੇ ਦੁੱਖ ਦੂਰ ਹੋ ਜਾਂਦੇ ਹਨ, ਉਹ ਪ੍ਰੇਮ-ਰੰਗ ਵਿਚ ਰੰਗੀਜ ਕੇ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ। ਪਰਮਾਤਮਾ ਦੇ ਉਹ ਭਗਤ ਸਦਾ ਲਈ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ, ਉਹ ਹਰੇਕ ਜੁਗ ਵਿਚ ਸਦਾ ਹੀ ਪਰਗਟ ਹੋ ਜਾਂਦੇ ਹਨ। ਉਹ (ਵਡ-ਭਾਗੀ ਮਨੁੱਖ) ਸਦਾ-ਥਿਰ ਪ੍ਰਭੂ ਦੀ ਭਗਤੀ ਕਰਦੇ ਹਨ, ਉਸ ਦੇ ਦਰ ਤੇ ਇੱਜ਼ਤ ਪਾਂਦੇ ਹਨ, ਉਹਨਾਂ ਦੇ ਹਿਰਦੇ ਵਿਚ ਉਹਨਾਂ ਦੇ ਅੰਦਰ ਸਦਾ-ਥਿਰ ਰਹਿਣ ਵਾਲਾ ਪ੍ਰਭੂ ਵੱਸ ਪੈਂਦਾ ਹੈ। ਹੇ ਨਾਨਕ! ਉਹਨਾਂ ਦੇ ਅੰਦਰ ਸਿਫ਼ਤਿ-ਸਾਲਾਹ ਵਾਲੀ ਬਾਣੀ ਵੱਸੀ ਰਹਿੰਦੀ ਹੈ, ਅਟੱਲ ਖ਼ੁਸ਼ੀ ਬਣੀ ਰਹਿੰਦੀ ਹੈ, ਸ਼ਬਦ ਦੀ ਬਰਕਤਿ ਨਾਲ ਉਹਨਾਂ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ।4। 4।5।